# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :26-01-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਦੇਸ਼ ਅੱਜ ਆਪਣਾ 77ਵਾਂ ਗਣਤੰਤਰ ਦਿਵਸ ਮਨਾ ਰਿਹਾ ਏ- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਨਵੀਂ ਦਿੱਲੀ ਦੇ ਕਰਤਵਯ ਪਥ ਤੋਂ ਗਣਤੰਤਰ ਦਿਵਸ ਸਮਾਰੋਹ ਦੀ ਅਗਵਾਈ ਕੀਤੀ।

- ਪੰਜਾਬ ਦੇ ਸੂਬਾ ਪੱਧਰੀ ਗਣਤੰਤਰ ਦਿਵਸ ਸਮਾਰੋਹ ਦੀ ਅਗਵਾਈ, ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕੀਤੀ -ਪੰਜਾਬ ਸਰਕਾਰ ਵਲੋਂ ਕੱਲ 27 ਜਨਵਰੀ ਨੂੰ ਸੂਬੇ ਦੇ ਸਾਰੇ ਸਕੂਲਾਂ ਵਿੱਚ ਛੁੱਟੀ ਦਾ ਐਲਾਨ।

- ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ -ਸਰਕਾਰ ਕਿਸਾਨਾਂ ਤੋਂ ਘੱਟੋ-ਘੱਟ ਸਮਰਥਨ ਮੁੱਲ 'ਤੇ ਦਾਲਾਂ ਦੀ 100 ਫੀਸਦੀ ਖਰੀਦ ਨੂੰ ਯਕੀਨੀ ਬਣਾਏਗੀ।
- ਸਰਕਾਰ ਵਲੋਂ ਸਾਲ 2026 ਲਈ 131 ਪਦਮ ਪੁਰਸਾਕਾਰਾਂ ਦਾ ਐਲਾਨ- ਕ੍ਰਿਕਟਰ ਹਰਮਨਪ੍ਰੀਤ ਕੌਰ ਸਮੇਤ ਤਿੰਨ ਪੰਜਾਬ ਤੋਂ।

- ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਸਬੰਧੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਸਜਾਇਆ ਗਿਆ।

- ਮਹਿਲਾ ਪ੍ਰੀਮੀਅਰ ਲੀਗ ਕ੍ਰਿਕੇਟ ਵਿੱਚ, ਅੱਜ ਰਾਇਲ ਚੈਲੇਂਜਰਸ ਬੰਗਲੁਰੂ ਦਾ ਮੁਕਾਬਲਾ ਮੁੰਬਈ ਇੰਡੀਅਨਸ ਨਾਲ ਹੋਵੇਗਾ।

## *ਹੁਣ ਖਬਰਾਂ ਵਿਸਥਾਰ ਨਾਲ*

ਦੇਸ਼ ਅੱਜ ਆਪਣਾ 77ਵਾਂ ਗਣਤੰਤਰ ਦਿਵਸ ਮਨਾ ਰਿਹਾ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਨਵੀਂ ਦਿੱਲੀ ਦੇ ਕਰਤਵਯ ਪਥ ਤੋਂ ਗਣਤੰਤਰ ਦਿਵਸ ਸਮਾਰੋਹ ਦੀ ਅਗਵਾਈ ਕੀਤੀ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਮੁੱਖ ਮਹਿਮਾਨਾਂ, ਯੂਰਪੀਅਨ ਕੌਂਸਲ ਦੇ ਪ੍ਰਧਾਨ ਐਂਟੋਨੀਓ ਕੋਸਟਾ

ਅਤੇ ਯੂਰਪੀਅਨ ਕਮਿਸ਼ਨ ਦੇ ਪ੍ਰਧਾਨ ਉਰਸੁਲਾ ਵਾਨ ਡੇਰ ਲੇਅਨ ਦੇ ਨਾਲ ਇੱਕ ਰਸਮੀ ਬੱਘੀ ਵਿੱਚ ਪਰੇਡ ਵਿੱਚ ਪਹੁੰਚੇ। ਰਾਸ਼ਟਰੀ ਝੰਡਾ ਫਹਿਰਾਇਆ ਗਿਆ, ਜਿਸ ਤੋਂ ਬਾਅਦ ਰਾਸ਼ਟਰੀ ਗੀਤ ਗਾਇਆ ਗਿਆ ਅਤੇ 21 ਤੋਪਾਂ ਦੀ ਸਲਾਮੀ ਦਿੱਤੀ ਗਈ। ਕਰਤਵਯ ਪਥ 'ਤੇ ਆਯੋਜਿਤ ਗਣਤੰਤਰ ਦਿਵਸ ਪਰੇਡ ਵਿੱਚ ਭਾਰਤ ਦੀ ਸੱਭਿਆਚਾਰਕ ਵਿਭਿੰਨਤਾ ਅਤੇ ਫੌਜੀ ਸ਼ਕਤੀ ਦਾ ਇੱਕ ਵਿਲੱਖਣ ਸੰਗਮ ਦੇਖਿਆ ਗਿਆ। ਇਸ ਸਾਲ ਦਾ ਵਿਸ਼ਾ  'ਸਵਤੰਤਰਤਾ ਕਾ ਮੰਤ੍ਰ : ਵੰਦੇ ਮਾਤਰਮ' ਅਤੇ 'ਸਮਰਿੱਧੀ ਕਾ ਮੰਤ੍ਰ : ਆਤਮ-ਨਿਰਭਰ ਭਾਰਤ' ਰੱਖਿਆ ਗਿਆ ਏ। ਪਰੇਡ ਵਿੱਚ ਵੱਖ-ਵੱਖ ਰਾਜਾਂ, ਕੇਂਦਰ ਸ਼ਾਸਤ ਪ੍ਰਦੇਸ਼ਾਂ ਅਤੇ ਕੇਂਦਰੀ ਮੰਤਰਾਲਿਆਂ ਅਤੇ ਵਿਭਾਗਾਂ ਦੀਆਂ 30 ਝਾਕੀਆਂ ਪ੍ਰਦਰਸ਼ਿਤ ਕੀਤੀਆਂ ਗਈਆਂ। ਕਈ ਸਾਲਾਂ ਬਾਅਦ ਕਰਤਵਯ ਪਥ ‘ਤੇ ਪੰਜਾਬ ਦੀ ਝਾਂਕੀ ਵੀ ਨਜ਼ਰ ਆਈ- ਜੋ ਕਿ ਹਿੰਦ ਦੀ ਚਾਦਰ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਰਹੀ। ਰਾਸ਼ਟਰਪਤੀ ਮੁਰਮੂ ਨੇ ਭਾਰਤੀ ਹਵਾਈ ਫੌਜ ਦੇ ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਨੂੰ ਭਾਰਤ ਦੇ ਸਭ ਤੋਂ ਵੱਡੇ, ਸ਼ਾਂਤੀ ਸਮੇਂ ਦੇ ਬਹਾਦਰੀ ਪੁਰਸਕਾਰ, ਅਸ਼ੋਕ ਚੱਕਰ ਨਾਲ ਸਨਮਾਨਿਤ ਕੀਤਾ। ਪ੍ਰੋਗਰਾਮ ਅਪਾਚੇ ਸਮੇਤ ਭਾਰਤੀ ਹਵਾਈ ਫੌਜ ਦੇ 29 ਹਵਾਈ ਜਹਾਜ਼ਾਂ ਦੇ ਫਲਾਈ-ਪਾਸਟ ਨਾਲ ਸਮਾਪਤ ਹੋਇਆ। ਪਰੇਡ ਦੌਰਾਨ ਢਾਈ ਹਜ਼ਾਰ ਤੋਂ ਵੱਧ ਕਲਾਕਾਰਾਂ ਨੇ ਸੱਭਿਆਚਾਰਕ

ਪੇਸ਼ਕਾਰੀਆਂ ਦਿੱਤੀਆਂ ਅਤੇ ਵੱਖ-ਵੱਖ ਖੇਤਰਾਂ ਦੇ ਵਿਸ਼ੇਸ਼ ਮਹਿਮਾਨ ਸਮਾਗਮ ਵਿੱਚ ਸ਼ਾਮਲ ਹੋਏ।

---------------------------------------------------

ਉਪ-ਰਾਸ਼ਟਰਪਤੀ ਸੀ ਪੀ ਰਾਧਾਕ੍ਰਿਸ਼ਨਨ,ਪ੍ਰਧਾਨ ਮੰਤਰੀ ਨਰੇਂਦਰ ਮੋਦੀ,ਗ੍ਰਿਹ ਮੰਤਰੀ ਅਮਿਤ ਸ਼ਾਹ ਅਤੇ ਲੋਕ ਸਭਾ ਸਪੀਕਰ ਓਮ ਬਿਰਲਾ ਨੇ 77ਵੇਂ ਗਣਤੰਤਰ ਦਿਵਸ ਦੇ ਮੌਕੇ 'ਤੇ ਭਾਰਤ ਅਤੇ ਵਿਦੇਸ਼ਾਂ ਵਿੱਚ ਨਾਗਰਿਕਾਂ ਨੂੰ ਵਧਾਈਆਂ ਦਿੱਤੀਆਂ ਨੇ । ਉਨ੍ਹਾਂ ਕਿਹਾ ਕਿ ਇਹ ਦਿਨ ਭਾਰਤ ਨੂੰ ਇੱਕ ਜੀਵੰਤ ਗਣਤੰਤਰ ਵਜੋਂ ਮਨਾਉਂਦਾ ਏ, ਜੋ ਨਿਆਂ, ਆਜ਼ਾਦੀ, ਸਮਾਨਤਾ ਅਤੇ ਭਾਈਚਾਰੇ ਦੇ ਸਦੀਵੀ ਆਦਰਸ਼ਾਂ 'ਤੇ ਸਥਾਪਿਤ ਏ । ਉਨ੍ਹਾਂ ਉਮੀਦ ਜ਼ਾਹਿਰ ਕੀਤੀ ਕਿ ਇਹ ਮਹੱਤਵਪੂਰਨ ਮੌਕਾ ਨਾਗਰਿਕਾਂ ਵਿੱਚ ਇੱਕ ਵਿਕਸਿਤ ਰਾਸ਼ਟਰ ਦੇ ਨਿਰਮਾਣ ਲਈ ਨਵੀਂ ਊਰਜਾ ਅਤੇ ਉਤਸ਼ਾਹ ਪੈਦਾ ਕਰੇਗਾ।

---------------------------------------------------

ਪੰਜਾਬ ਦਾ ਸੂਬਾ ਪੱਧਰੀ ਗਣਤੰਤਰ ਦਿਵਸ ਸਮਾਰੋਹ ਅੱਜ ਫਾਜ਼ਿਲਕਾ ਦੇ ਸ਼ਹੀਦ ਭਗਤ ਸਿੰਘ ਬਹੁਮੰਤਵੀਂ ਖੇਡ ਸਟੇਡੀਅਮ ਵਿੱਚ ਕਰਵਾਇਆ ਗਿਆ। ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਇਸ ਤੋਂ ਪਹਿਲਾਂ ਰਾਜਪਾਲ ਨੇ ਸਰਹੱਦ ਨੇੜੇ ਪਿੰਡ ਆਸਫਵਾਲਾ ਵਿਖੇ ਬਣੀ ਸ਼ਹੀਦਾਂ ਦੀ ਸਮਾਧ ਤੇ

ਸ਼ਰਧਾਂਜਲੀ ਭੇਂਟ ਕੀਤੀ। ਇਸ ਮੌਕੇ ਰਾਜਪਾਲ ਨੇ ਸੰਬੋਧਨ ਕਰਦਿਆਂ ਨੇ ਕਿਹਾ।

BYTE

ਓਧਰ ਹੁਸ਼ਿਆਰਪੁਰ ਜ਼ਿਲਾ ਪੁਲਿਸ ਲਾਈਨ ਵਿਖੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਤਿਰੰਗਾ ਲਹਿਰਾਇਆ ਅਤੇ ਮਾਰਚ ਪਾਸਟ ਤੋਂ ਸਲਾਮੀ ਲਈ। ਇਸ ਦੌਰਾਨ ਮੁੱਖ ਮੰਤਰੀ ਨੇ ਦੇਸ਼ ਦੀ ਆਜ਼ਾਦੀ ਲਈ ਕੁਰਬਾਨ ਹੋਏ ਸ਼ਹੀਦਾਂ ਨੂੰ ਯਾਦ ਕੀਤਾ। ਉਹਨਾਂ ਸੂਬਾ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਯੋਜਨਾਵਾਂ ਦਾ ਜ਼ਿਕਰ ਕਰਦਿਆਂ ਸੂਬਾ ਵਾਸੀਆਂ ਦੀ ਭਲਾਈ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ। ਇਸ ਮੌਕੇ ਉਹਨਾਂ 27 ਜਨਵਰੀ ਨੂੰ ਸੂਬੇ ਦੇ ਸਾਰੇ ਸਕੂਲਾਂ ਵਿੱਚ ਛੁੱਟੀ ਦਾ ਵੀ ਐਲਾਨ ਕੀਤਾ।

----------------------------------------------------

ਪੰਜਾਬ ਭਰ ਵਿਚ ਵੱਖ-ਵੱਖ ਥਾਵਾਂ 'ਤੇ ਜ਼ਿਲਾ ਪੱਧਰੀ ਸਮਾਰੋਹ ਕਰਵਾਏ ਗਏ। ਇਸ ਦੌਰਾਨ ਸੰਗਰੂਰ ਵਿਚ ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ , ਜਲੰਧਰ ਵਿਚ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ, ਸ਼੍ਰੀ ਮੁਕਤਸਰ ਸਾਹਿਬ ਵਿੱਚ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ, ਲੁਧਿਆਣਾ ਵਿਚ ਕੈਬਨਿਟ ਮੰਤਰੀ ਹਰਭਜਨ ਸਿੰਘ, ਅੰਮ੍ਰਿਤਸਰ 'ਚ ਕੈਬਨਿਟ ਮੰਤਰੀ ਹਰਦੀਪ ਸਿੰਘ

ਮੁੰਡੀਆਂ ਨੇ, ਰੂਪਨਗਰ ਜਿਲੇ ਵਿਚ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ, ਪਠਾਨਕੋਟ ਵਿੱਚ ਕੈਬਨਿਟ ਮੰਤਰੀ ਅਮਨ ਅਰੋੜਾ ,ਮਾਨਸਾ ਵਿਖੇ ਕੈਬਨਿਟ ਮੰਤਰੀ ਡਾ ਰਵਜੋਤ ਸਿੰਘ ਨੇ ਰਾਸ਼ਟਰੀ ਝੰਡਾ ਲਹਿਰਾਇਆ। ਓਧਰ ਤਰਨਤਾਰਨ ਵਿਖੇ ਡਿਪਟੀ ਕਮਿਸ਼ਨਰ ਰਾਹੁਲ , ਜ਼ਿਲਾ ਕਪੂਰਥਲਾ ਵਿਚ ਡਿਪਟੀ ਕਮਿਸ਼ਨਰ ਅਮਿਤ ਪੰਚਾਲ, ਗੁਰਦਾਸਪੁਰ 'ਚ ਡਿਪਟੀ ਕਮਿਸ਼ਨਰ ਅਦਿੱਤਿਆ ਉੱਪਲ ਅਤੇ ਫਤਹਿਗੜ੍ਹ ਸਾਹਿਬ ਵਿਖੇ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਤੇ ਮਾਰਚ ਪਾਸਟ ਤੋਂ ਸਲਾਮੀ ਲਈ ਅਤੇ ਦੇਸ਼ ਦੇ ਜਵਾਨਾਂ ਨੂੰ ਸਲਾਮ ਕੀਤਾ। ਇਸੇ ਤਰਾਂ ਹੋਰਨਾਂ ਜ਼ਿਲਿਆਂ ਵਿਚ ਵੀ ਕੌਮੀ ਝੰਡਾ ਲਹਿਰਾਇਆ ਗਿਆ। ਸੂਬੇ ਭਰ ਵਿਚ ਸਮਾਰੋਹ ਦੌਰਾਨ ਵੱਖ-ਵੱਖ ਖੇਤਰਾਂ ਵਿੱਚ ਸਮਰਪਣ ਭਾਵਨਾ ਨਾਲ ਕੰਮ ਕਰਨ ਵਾਲੇ ਲੋਕਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਵੱਖ-ਵੱਖ ਵਿਭਾਗਾਂ ਦੀਆਂ ਝਾਂਕੀਆਂ ਵੀ ਕੱਢੀਆਂ ਗਈਆਂ। ਸਕੂਲੀ ਵਿਦਿਆਰਥੀਆਂ ਵਲੋਂ ਦੇਸ਼ ਭਗਤੀ ਨਾਲ ਭਰਪੂਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ। ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸਨਾਂ ਦੇ ਅਧਿਕਾਰੀਆਂ, ਆਜ਼ਾਦੀ ਘੁਲਾਟੀਆਂ, ਸਮਾਜਿਕ ਸੰਸਥਾਵਾਂ ਦੇ ਨੁਮਾਇੰਦੇਆਂ ਅਤੇ ਵੱਡੀ ਗਿਣਤੀ ਵਿੱਚ ਸ਼ਹਿਰਵਾਸੀਆਂ ਨੇ ਗਣਤੰਤਰ ਦਿਵਸ ਸਮਾਰੋਹ ਵਿਚ ਸ਼ਿਰਕਤ ਕੀਤੀ।

---------------------------------------------------

ਭਾਖੜਾ ਬਿਆਸ ਪ੍ਰਬੰਧਨ ਬੋਰਡ-BBMB ਨੇ ਵੀ ਬੀ.ਬੀ.ਐਮ.ਬੀ ਟਾਊਨਸ਼ਿਪ ਦੇ ਨਰਸਰੀ ਗਰਾਊਂਡ ਵਿਖੇ 77ਵਾਂ ਗਣਤੰਤਰ ਦਿਵਸ ਉਤਸ਼ਾਹ ਅਤੇ ਸ਼ਾਨ ਨਾਲ ਮਨਾਇਆ। ਡਿਪਟੀ ਚੀਫ਼ ਇੰਜੀਨੀਅਰ ਵੀ.ਕੇ. ਮੀਨਾ ਨੇ ਰਾਸ਼ਟਰੀ ਝੰਡਾ ਲਹਿਰਾਇਆ ਅਤੇ ਟਾਊਨਸ਼ਿਪ ਦੇ ਸਾਰੇ ਅਧਿਕਾਰੀਆਂ, ਕਰਮਚਾਰੀਆਂ, ਵਿਦਿਆਰਥੀਆਂ ਅਤੇ ਨਿਵਾਸੀਆਂ ਨੂੰ ਨਿੱਘੀਆਂ ਸ਼ੁਭਕਾਮਨਾਵਾਂ ਦਿੱਤੀਆਂ।

---------------------------------------------------------------

ਦੇਸ਼ ਦੇ 77 ਵੇਂ ਗਣਤੰਤਰ ਦਿਵਸ ਮੌਕੇ ਭਾਰਤ-ਪਾਕਿਸਤਾਨ ਅਟਾਰੀ-ਵਾਘਾ ਸਰਹੱਦ 'ਤੇ ਵੀ ਰੌਣਕ ਵੇਖਣ ਨੂੰ ਮਿਲੀ । ਬੀ.ਐਸ.ਐਫ ਜਵਾਨਾਂ ਦੀ ਜੋਸ਼ੀਲੀ ਪਰੇਡ ਦੇਖਣ ਵੱਡੀ ਗਿਣਤੀ 'ਚ ਪਹੁੰਚੇ ਦੇਸ਼ ਪ੍ਰੇਮੀਆਂ ਨੇ 'ਹਿੰਦੋਸਤਾਨ ਜਿੰਦਾਬਾਦ' 'ਭਾਰਤ ਮਾਤਾ ਕੀ ਜੈ' ਅਤੇ ਵੰਦੇ ਮਾਤਰਮ ਦੇ ਨਾਅਰੇ ਲਾ ਕੇ ਦੇਸ਼ ਪਿਆਰ ਦਾ ਪ੍ਰਗਟਾਵਾ ਕੀਤਾ । ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤਾਂ ਤੇ ਕੋਰਿਓਗ੍ਰਾਫੀ ਕੀਤੀ । BSF ਦੇ ADG SS ਖੰਡਾਰੇ ਅਤੇ ਪੰਜਾਬ ਫਰੰਟੀਅਰ ਦੇ IG ਡਾਕਟਰ ਅਤੁਲ ਫੁਲਜਲੇ  ਸਮੇਤ  ਬੀ ਐਸ ਐਫ, ਪੁਲਿਸ ਅਤੇ ਪ੍ਰਸ਼ਾਸ਼ਨਿਕ ਅਧਿਕਾਰੀਆਂ ਤੋਂ ਇਲਾਵਾ ਹਜਾਰਾਂ ਦੇਸ਼ ਪ੍ਰੇਮੀ  ਇਸ ਮੌਕੇ ਪ੍ਰਹੰਚੇ ਹੋਏ ਸਨ ।

---------------------------------------------------------------

ਉਧਰ ਕੇਂਦਰ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਪ੍ਰਸ਼ਾਸਨ ਨੇ ਅੱਜ ਸੈਕਟਰ 17 ਸਥਿਤ ਪਰੇਡ ਗਰਾਊਂਡ ਵਿਖੇ 77ਵਾਂ ਗਣਤੰਤਰ ਦਿਵਸ ਉਤਸ਼ਾਹ ਅਤੇ ਦੇਸ਼ ਭਗਤੀ ਦੇ ਜੋਸ਼ ਨਾਲ ਮਨਾਇਆ। ਇਸ ਮੌਕੇ 'ਤੇ ਚੰਡੀਗੜ੍ਹ ਦੇ ਮੁੱਖ ਸਕੱਤਰ  ਐਚ. ਰਾਜੇਸ਼ ਪ੍ਰਸਾਦ ਮੁੱਖ ਮਹਿਮਾਨ ਸਨ। ਮੁੱਖ ਸਕੱਤਰ ਨੇ ਸਭ ਤੋਂ ਪਹਿਲਾਂ ਦੇਸ਼ ਦੀ ਰੱਖਿਆ ਲਈ ਆਪਣੀਆਂ ਜਾਨਾਂ ਵਾਰਨ ਵਾਲੇ ਹਥਿਆਰਬੰਦ ਸੈਨਾਵਾਂ ਦੇ ਬਹਾਦਰ ਸੈਨਿਕਾਂ ਦੀ ਯਾਦ ਵਿੱਚ ਬੋਗਨਵਿਲੀਆ ਗਾਰਡਨ ਵਿੱਚ ਜੰਗੀ ਯਾਦਗਾਰ 'ਤੇ ਫੁੱਲਮਾਲਾ ਭੇਟ ਕੀਤੀ।

---------------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਐਲਾਨ ਕੀਤਾ ਕਿ ਸਰਕਾਰ ਕਿਸਾਨਾਂ ਤੋਂ ਘੱਟੋ-ਘੱਟ ਸਮਰਥਨ ਮੁੱਲ 'ਤੇ ਦਾਲਾਂ ਦੀ 100 ਫੀਸਦੀ ਖਰੀਦ ਨੂੰ ਯਕੀਨੀ ਬਣਾਉਣ ਲਈ ਕੰਮ ਕਰ ਰਹੀ ਏ। ਉਨ੍ਹਾਂ ਇਹ ਬਿਆਨ ਨਵੀਂ ਦਿੱਲੀ ਵਿੱਚ ਗਣਤੰਤਰ ਦਿਵਸ ਦੇ ਮੌਕੇ 'ਤੇ ਸਰਕਾਰ ਵੱਲੋਂ ਵਿਸ਼ੇਸ਼ ਤੌਰ 'ਤੇ ਸੱਦੇ ਗਏ ਕਿਸਾਨਾਂ ਨਾਲ ਗੱਲਬਾਤ ਦੌਰਾਨ ਦਿੱਤਾ। ਸ਼੍ਰੀ ਚੌਹਾਨ ਨੇ ਕਿਹਾ ਕਿ ਖੇਤੀਬਾੜੀ ਭਾਰਤੀ ਅਰਥਵਿਵਸਥਾ ਦੀ ਰੀੜ੍ਹ ਏ। ਉਨ੍ਹਾਂ ਕਿਹਾ ਕਿ ਭਾਰਤ ਚੀਨ ਨੂੰ ਪਛਾੜ ਕੇ ਦੁਨੀਆ ਦਾ ਸਭ ਤੋਂ ਵੱਡਾ ਚੌਲ ਉਤਪਾਦਕ ਬਣ ਗਿਆ ਏ, ਅਤੇ ਚੌਲਾਂ ਦੀ ਬਰਾਮਦ  'ਤੇ ਪਾਬੰਦੀਆਂ ਹਟਾ ਦਿੱਤੀਆਂ ਗਈਆਂ ਨੇ।

ਖੇਤੀਬਾੜੀ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਸਰਕਾਰ ਜੰਗਲੀ ਜਾਨਵਰਾਂ ਅਤੇ ਹੜ੍ਹਾਂ ਕਾਰਨ ਹੋਣ ਵਾਲੇ ਫਸਲਾਂ ਦੇ ਨੁਕਸਾਨ ਲਈ ਬੀਮਾ ਕਵਰੇਜ ਵਧਾਉਣ 'ਤੇ ਵਿਚਾਰ ਕਰ ਰਹੀ ਏ । ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਜੇਕਰ ਦਾਅਵੇ ਦੀ ਅਦਾਇਗੀ ਨਿਰਧਾਰਤ ਸਮੇਂ ਤੋਂ ਵੱਧ ਦੇਰੀ ਨਾਲ ਹੁੰਦੀ ਹੈ ਤਾਂ ਬੀਮਾ ਕੰਪਨੀਆਂ ਨੂੰ 12 ਪ੍ਰਤੀਸ਼ਤ ਵਿਆਜ ਦੇਣਾ ਪਵੇਗਾ। ਉਨ੍ਹਾਂ ਨੇ ਨਕਲੀ ਬੀਜਾਂ, ਖਾਦਾਂ ਅਤੇ ਕੀਟਨਾਸ਼ਕਾਂ ਖ਼ਿਲਾਫ਼ ਸਖ਼ਤ ਕਾਰਵਾਈ ਦਾ ਵੀ ਐਲਾਨ ਕੀਤਾ ।

BYTE

-----------------------------------------------------------

ਸਰਕਾਰ ਨੇ ਸਾਲ 2026 ਲਈ 131 ਪਦਮ ਪੁਰਸਾਕਰਾਂ ਦਾ ਐਲਾਨ ਕੀਤਾ ਏ । ਇਹਨਾਂ ਪੁਰਸਾਕਰਾਂ ਵਿੱਚ ਪੰਜ ਪਦਮ ਵਿਭੂਸ਼ਣ, 13 ਪਦਮ ਭੂਸ਼ਣ ਅਤੇ 113 ਪਦਮ ਸ੍ਰੀ ਸ਼ਾਮਲ ਨੇ. ਇਹ ਪੁਰਸਾਕਰ ਪ੍ਰਾਪਤ ਕਰਨ ਵਾਲਿਆਂ ਵਿੱਚ 19 ਔਰਤਾਂ, 6 ਵਿਅਕਤੀ ਵਿਦੇਸ਼ੀ, NRI , PIO , OCI ਦੀ ਸ਼੍ਰੇਣੀ ਵਿੱਚੋਂ ਨੇ ਅਤੇ 16 ਨੂੰ ਸਨਮਾਨ ਮਰਨ ਉਪਰੰਤ ਪ੍ਰਦਾਨ ਕੀਤੇ ਜਾ ਰਹੇ ਨੇ । 'ਪਦਮ ਸ੍ਰੀ' ਪੁਰਸਕਾਰ ਪ੍ਰਾਪਤ ਕਰਨ ਵਾਲਿਆਂ ਵਿੱਚ, ਕ੍ਰਿਕਟਰ ਹਰਮਨਪ੍ਰੀਤ ਕੌਰ ਸਮੇਤ ਤਿੰਨ ਪੰਜਾਬ ਤੋਂ ਨੇ । ਬਾਕੀ ਦੋ ਵਿੱਚ ਅਧਿਆਤਮਵਾਦ ਸ਼੍ਰੇਣੀ ਵਿੱਚ ਸੰਤ ਨਿਰੰਜਨ ਦਾਸ ਅਤੇ ਖੇਡ ਸ਼੍ਰੇਣੀ ਵਿੱਚ

ਬਲਦੇਵ ਸਿੰਘ ਸ਼ਾਮਲ ਨੇ । ਜਦੋਂ ਕਿ, ਇੱਕ ਸਾਬਕਾ ਸੇਵਾਮੁਕਤ ਆਈ.ਪੀ.ਐਸ ਅਧਿਕਾਰੀ ਇੰਦਰਜੀਤ ਸਿੰਘ ਸਿੱਧੂ ਨੂੰ ਚੰਡੀਗੜ੍ਹ ਵਿੱਚ ਉਨ੍ਹਾਂ ਦੀਆਂ ਸਮਾਜਿਕ ਸੇਵਾਵਾਂ ਲਈ 'ਪਦਮ ਸ਼੍ਰੀ' ਨਾਲ ਸਨਮਾਨਿਤ ਕੀਤਾ ਜਾਵੇਗਾ। ਹਰਿਆਣਾ ਦੇ ਖੇਮਰਾਜ ਸੁੰਦਰਿਆਲ ਨੂੰ ਕਲਾ ਵਿੱਚ ਅਤੇ ਪ੍ਰੇਮ ਲਾਲ ਗੌਤਮ ਨੂੰ ਵਿਗਿਆਨ ਅਤੇ ਇੰਜੀਨੀਅਰਿੰਗ ਸ਼੍ਰੇਣੀ ਵਿੱਚ ਸਨਮਾਨਿਤ ਕੀਤਾ ਜਾਵੇਗਾ। 'ਪਦਮ ਵਿਭੂਸ਼ਣ' ਨੂੰ ਅਸਾਧਾਰਨ ਅਤੇ ਵਿਲੱਖਣ ਸੇਵਾ ਲਈ, 'ਪਦਮ ਭੂਸ਼ਣ' ਨੂੰ ਉੱਚ ਪੱਧਰ ਦੀ ਵਿਲੱਖਣ ਸੇਵਾ ਲਈ ਅਤੇ 'ਪਦਮ ਸ਼੍ਰੀ' ਨੂੰ ਕਿਸੇ ਵੀ ਖੇਤਰ ਵਿੱਚ ਵਿਲੱਖਣ ਸੇਵਾ ਲਈ ਪ੍ਰਦਾਨ ਕੀਤਾ ਜਾਂਦਾ ਏ। ਇਹ ਪੁਰਸਕਾਰ ਭਾਰਤ ਦੇ ਰਾਸ਼ਟਰਪਤੀ ਵਲੋਂ ਰਾਸ਼ਟਰਪਤੀ ਭਵਨ ਵਿੱਚ ਆਮ ਤੌਰ 'ਤੇ ਹਰ ਸਾਲ ਮਾਰਚ -ਅਪ੍ਰੈਲ ਦੇ ਨੇੜੇ ਆਯੋਜਿਤ ਕੀਤੇ ਜਾਣ ਵਾਲੇ ਰਸਮੀ ਸਮਾਗਮਾਂ ਵਿੱਚ ਪ੍ਰਦਾਨ ਕੀਤੇ ਜਾਂਦੇ ਨੇ ।

---------------------------------------------------------------

ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਸਜਾਇਆ ਗਿਆ । ਆਰੰਭਤਾ ਸਮੇਂ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸੁਨਿਹਰੀ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ । ਨਗਰ

ਕੀਰਤਨ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨ, ਵੱਖ-ਵੱਖ ਧਾਰਮਿਕ ਸਭਾ-ਸੁਸਾਇਟੀਆਂ ਦੇ ਨੁਮਾਇੰਦੇ ਵੀ ਵੱਡੀ ਗਿਣਤੀ ਵਿਚ ਮੌਜੂਦ ਰਹੇ। ਨਗਰ ਕੀਰਤਨ ਵਿਚ ਜਿਥੇ ਗਤਕਾ ਤੇ ਬੈਂਡ ਪਾਰਟੀਆਂ ਤੇ ਗਤਕਾ ਪਾਰਟੀਆਂ ਨੇ ਭਰਵੀਂ ਸ਼ਮੂਲੀਅਤ ਕੀਤੀ। ਕਾਰਸੇਵਾ ਵਾਲੇ ਮਹਾਂਪੁਰਖਾਂ ਅਤੇ ਸੰਗਤਾਂ ਵੱਲੋਂ ਲੰਗਰ ਲਗਾਏ ਗਏ ਸਨ। ਕੱਲ ਨੂੰ ਬਾਬਾ ਦੀਪ ਸਿੰਘ ਜੀ ਜਨਮ ਦਿਹਾੜੇ ਮੌਕੇ, ਗੁਰੂਦੁਆਰਾ ਸ਼ਹੀਦਗੰਜ ਬਾਬਾ ਦੀਪ ਸਿੰਘ ਜੀ ਵਿਖੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਾਰਾ ਦਿਨ ਵਿਸ਼ੇਸ਼ ਗੁਰਮਤਿ ਦੀਵਾਨ ਸਜਾਏ ਜਾਣਗੇ ਤੇ ਸ਼ਾਮ ਵੇਲੇ ਦੀਪਮਾਲਾ ਤੇ ਆਤਿਸ਼ਬਾਜ਼ੀ ਕੀਤੀ ਜਾਵੇਗੀ।

---------------------------------------------------------

ਪਟਿਆਲਾ ਪੁਲਿਸ ਨੇ ਬੀਤੀ ਸ਼ਾਮ ਨਾਭਾ 'ਚ ਪੁਲਿਸ ਹੈੱਡ ਕਾਂਸਟੇਬਲ ਅਮਨਦੀਪ ਸਿੰਘ ਦੇ ਕਤਲ ਮਾਮਲੇ ਵਿਚ ਦੋ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਏ। ਪਟਿਆਲਾ ਦੇ SSP ਵਰੁਣ ਸ਼ਰਮਾ ਨੇ ਇਸ ਬਾਰੇ ਵੇਰਵੇ ਸਾਂਝੇ ਕਰਦਿਆਂ ਦਸਿਆ।

BYTE

---------------------------------------------------------

ਮਹਿਲਾ ਪ੍ਰੀਮੀਅਰ ਲੀਗ ਕ੍ਰਿਕੇਟ ਵਿੱਚ, ਅੱਜ ਰਾਇਲ ਚੈਲੇਂਜਰਸ

ਬੰਗਲੁਰੂ ਦਾ ਮੁਕਾਬਲਾ ਮੁੰਬਈ  ਇੰਡੀਅਨਸ ਨਾਲ ਹੋਵੇਗਾ।ਇਹ ਮੈਚ ਸ਼ਾਮੀਂ ਸਾਢੇ 7 ਵਜੇ ਸ਼ੁਰੂ ਹੋਵੇਗਾ।

---------------------------------------------------------------

- ਦੇਸ਼ ਅੱਜ ਆਪਣਾ 77ਵਾਂ ਗਣਤੰਤਰ ਦਿਵਸ ਮਨਾ ਰਿਹਾ ਏ- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਨਵੀਂ ਦਿੱਲੀ ਦੇ ਕਰਤਵਯ ਪਥ ਤੋਂ ਗਣਤੰਤਰ ਦਿਵਸ ਸਮਾਰੋਹ ਦੀ ਅਗਵਾਈ ਕੀਤੀ।

- ਪੰਜਾਬ ਦੇ ਸੂਬਾ ਪੱਧਰੀ ਗਣਤੰਤਰ ਦਿਵਸ ਸਮਾਰੋਹ ਦੀ ਅਗਵਾਈ, ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕੀਤੀ -ਪੰਜਾਬ ਸਰਕਾਰ ਵਲੋਂ ਕੱਲ 27 ਜਨਵਰੀ ਨੂੰ ਸੂਬੇ ਦੇ ਸਾਰੇ ਸਕੂਲਾਂ ਵਿੱਚ ਛੁੱਟੀ ਦਾ ਐਲਾਨ।

- ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ -ਸਰਕਾਰ ਕਿਸਾਨਾਂ ਤੋਂ ਘੱਟੋ-ਘੱਟ ਸਮਰਥਨ ਮੁੱਲ 'ਤੇ ਦਾਲਾਂ ਦੀ 100 ਫੀਸਦੀ ਖਰੀਦ ਨੂੰ ਯਕੀਨੀ ਬਣਾਏਗੀ।
- ਸਰਕਾਰ ਵਲੋਂ ਸਾਲ 2026 ਲਈ 131 ਪਦਮ ਪੁਰਸਾਕਾਰਾਂ ਦਾ ਐਲਾਨ- ਕ੍ਰਿਕਟਰ ਹਰਮਨਪ੍ਰੀਤ ਕੌਰ ਸਮੇਤ ਤਿੰਨ ਪੰਜਾਬ ਤੋਂ।

- ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਸਬੰਧੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਸਜਾਇਆ ਗਿਆ।

- ਮਹਿਲਾ ਪ੍ਰੀਮੀਅਰ ਲੀਗ ਕ੍ਰਿਕੇਟ ਵਿੱਚ, ਅੱਜ ਰਾਇਲ ਚੈਲੇਂਜਰਸ ਬੰਗਲੁਰੂ ਦਾ ਮੁਕਾਬਲਾ ਮੁੰਬਈ ਇੰਡੀਅਨਸ ਨਾਲ ਹੋਵੇਗਾ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**